# Telephone Conversation between PM and President of the State of Palestine

April 14, 2020

## ਪ੍ਰਧਾਨ ਮੰਤਰੀ ਅਤੇ ਫਿਲਸਤੀਨੀ ਰਾਜ ਦੇ ਰਾਸ਼ਟਰਪਤੀ ਦਰਮਿਆਨ ਟੈਲੀਫੋਨ 'ਤੇ ਗੱਲਬਾਤ

14 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਫਿਲਸਤੀਨੀ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਮਹਿਮੂਦ ਅੱਬਾਸ ਨਾਲ ਫੋਨ 'ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਫਿਲਿਸਤੀਨੀ ਰਾਸ਼ਟਰਪਤੀ ਅਤੇ ਫਿਲਸਤੀਨੀ ਲੋਕਾਂ ਨੂੰ ਆਉਣ ਵਾਲੇ ਪਵਿੱਤਰ ਰਮਜ਼ਾਨ ਦੇ ਮਹੀਨੇ ਦੀ ਵਧਾਈ ਦਿੱਤੀ।

ਦੋਨਾਂ ਨੇਤਾਵਾਂ ਨੇ ਵਰਤਮਾਨ ਕੋਵਿਡ-19 ਮਹਾਂਮਾਰੀ ਕਾਰਨ ਪੈਦਾ ਹੋਈਆਂ ਚੁਣੌਤੀਆਂ ਬਾਰੇ ਗੱਲਬਾਤ ਕੀਤੀ ਅਤੇ ਆਪੋ ਆਪਣੇ ਦੇਸ਼ਾਂ ਵਿੱਚ ਹਾਲਾਤ ਉੱਤੇ ਕਾਬੂ ਪਾਉਣ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਇੱਕ ਦੂਜੇ ਨੂੰ ਜਾਣਕਾਰੀ ਦਿੱਤੀ।

ਪ੍ਰਧਾਨ ਮੰਤਰੀ ਨੇ ਫਿਲਸਤੀਨੀ ਅਧਿਕਾਰੀਆਂ ਵੱਲੋਂ ਆਪਣੀ ਆਬਾਦੀ ਨੂੰ ਇਸ ਵਾਇਰਸ ਤੋਂ ਬਚਾਉਣ ਲਈ ਕੀਤੇ ਜਾ ਰਹੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ ਅਤੇ ਇਨ੍ਹਾਂ ਕੋਸ਼ਿਸ਼ਾਂ ਵਿੱਚ ਭਾਰਤ ਵੱਲੋਂ ਹਰ ਮੁਮਕਿਨ ਮਦਦ ਦੇਣ ਦਾ ਭਰੋਸਾ ਦਿੱਤਾ।

ਦੋਨਾਂ ਨੇਤਾਵਾਂ ਨੇ ਇਸ ਔਖੀ ਘੜੀ 'ਚ ਭਾਈਵਾਲੀ ਦੇ ਮੌਕੇ ਲੱਭਣ ਲਈ ਢੁਕਵੇਂ ਪੱਧਰਾਂ' ਤੇ ਸੰਪਰਕ ਵਿਚ ਰਹਿਣ ਉੱਤੇ ਸਹਿਮਤੀ ਦਾ ਇਜ਼ਹਾਰ ਕੀਤਾ।

ਨਵੀਂ ਦਿੱਲੀ
14 ਅਪ੍ਰੈਲ, 2020

DISCLAIMER: This is an approximate translation. The original is available in English on MEA's website and may be referred to as the official press release.